**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 11-10-2024**

- ਭਾਰਤ ਅਤੇ ਲਾਓ ਪੀਡੀਆਰ ਨੇ ਅੱਜ ਰੱਖਿਆ ਸਹਿਯੋਗ, ਕਸਟਮ, ਆਡੀਓ-ਵਿਜ਼ੂਅਲ ਅਤੇ ਵਿਰਸੇ ਦੀ ਸੰਭਾਲ ਸਮੇਤ ਵਖ – ਵਖ ਖੇਤਰਾਂ ਵਿੱਚ ਛੇ ਸਮਝੌਤਿਆਂ ਅਤੇ ਸਹਿਮਤੀ ਪੱਤਰਾਂ 'ਤੇ ਦਸਤਖਤ ਕੀਤੇ ਨੇ।
- ਪੰਜਾਬ ’ਚ ਪੰਚਾਇਤੀ ਚੋਣਾਂ ਸਬੰਧੀ 300 ਦੇ ਕਰੀਬ ਨਵੀਆਂ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਨੇ।
- ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ 'ਹਰ ਸ਼ੁਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਨਾਲ ਵਿੱਦਿਅਕ ਅਦਾਰਿਆਂ 'ਚ ਡੇਂਗੂ ਖਿਲਾਫ਼ ਰਾਜ ਪੱਧਰੀ ਮੁਹਿੰਮ ਦੀ ਅਗਵਾਈ ਕੀਤੀ।
- ਪੰਜਾਬ ਵਿਚ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ ਤੋਂ ਰੋਕਣ ਅਤੇ ਇਸਦੇ ਸੁਚੱਜੇ ਨਿਪਟਾਰੇ ਲਈ ਜਾਗਰੂਕ ਕਰਣ ਵਾਸਤੇ ਸਕੂਲੀ ਬਚਿਆਂ ਨੂੰ ਮੁਹਿੰਮ ‘ਚ ਸ਼ਾਮਿਲ ਕੀਤਾ ਜਾ ਰਿਹਾ ਏ ।

---

ਭਾਰਤ ਅਤੇ ਲਾਓ ਪੀਡੀਆਰ ਨੇ ਅੱਜ ਰੱਖਿਆ ਸਹਿਯੋਗ, ਕਸਟਮ, ਆਡੀਓ-ਵਿਜ਼ੂਅਲ ਅਤੇ ਵਿਰਸੇ ਦੀ ਸੰਭਾਲ ਸਮੇਤ ਵਖ – ਵਖ ਖੇਤਰਾਂ ਵਿੱਚ ਛੇ ਸਮਝੌਤਿਆਂ ਅਤੇ ਸਹਿਮਤੀ ਪੱਤਰਾਂ 'ਤੇ ਦਸਤਖਤ ਕੀਤੇ ਨੇ। ਭਾਰਤ ਨੇ ਭਾਰਤ-ਸੰਯੁਕਤ ਰਾਸ਼ਟਰ ਵਿਕਾਸ ਭਾਈਵਾਲੀ ਫੰਡ ਰਾਹੀਂ ਭੋਜਨ ਦੀ ਪੌਸ਼ਟਿਕਤਾ ਵਧਾਉਣ ਦੇ ਨਾਲ ਲਾਓ ਵਿੱਚ ਪੋਸ਼ਣ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ਇੱਕ ਪ੍ਰੋਜੈਕਟ ਲਈ 10 ਲੱਖ ਅਮਰੀਕੀ ਡਾਲਰ ਦੀ ਮਾਲੀ ਸਹਾਇਤਾ ਪ੍ਰਦਾਨ ਕਰਨ ਦਾ ਫੈਸਲਾ ਕੀਤਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਉਨ੍ਹਾਂ ਦੇ ਲਾਓ ਪੀਡੀਆਰ ਦੇ ਹਮਰੁਤਬਾ ਸੋਨੇਕਸੇ ਸਿਫਾਨਡੋਨ ਦੀ ਵਿਏਨਟਿਏਨ, ਲਾਓ ਪੀਡੀਆਰ ਵਿੱਚ ਮੌਜੂਦਗੀ ਵਿੱਚ ਸਮਝੌਤਿਆਂ ਦਾ ਵਟਾਂਦਰਾ ਕੀਤਾ ਗਿਆ। ਲਾਓ ਦੀ ਆਪਣੀ ਯਾਤਰਾ ਦੇ ਦੂਜੇ ਦਿਨ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਏਨਟਿਏਨ ਵਿੱਚ ਲਾਓ

ਪੀਡੀਆਰ ਦੇ ਰਾਸ਼ਟਰਪਤੀ ਥੋਂਗਲੋਨ ਸਿਸੌਲਿਥ ਨਾਲ ਮੁਲਾਕਾਤ ਕੀਤੀ । ਪ੍ਰਧਾਨ ਮੰਤਰੀ ਨੇ ਆਸੀਆਨ ਸਿਖਰ ਸੰਮੇਲਨ ਅਤੇ ਪੂਰਬੀ ਏਸ਼ੀਆ ਸਿਖਰ ਸੰਮੇਲਨ ਦੀ ਸਫਲਤਾ ਨਾਲ ਮੇਜ਼ਬਾਨੀ ਕਰਨ ਲਈ ਰਾਸ਼ਟਰਪਤੀ ਸਿਸੋਲਿਥ ਨੂੰ ਵਧਾਈ ਦਿੱਤੀ। ਮੀਟਿੰਗ ਦੌਰਾਨ, ਦੋਵਾਂ ਨੇਤਾਵਾਂ ਨੇ ਦੁਵੱਲੇ ਸਬੰਧਾਂ 'ਤੇ ਚਰਚਾ ਕੀਤੀ ਅਤੇ ਨਜ਼ਦੀਕੀ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਪੱਕੀ ਕੀਤੀ। ਰਾਸ਼ਟਰਪਤੀ ਸਿਸੌਲੀਥ ਨੇ ਤੂਫਾਨ ਯਾਗੀ ਕਾਰਨ ਆਏ ਹੜ੍ਹਾਂ ਦੇ ਮੱਦੇਨਜ਼ਰ ਲਾਓ ਪੀਡੀਆਰ ਨੂੰ ਭਾਰਤ ਦੀ ਮਾਨਵਤਾਵਾਦੀ ਸਹਾਇਤਾ ਲਈ ਸ੍ਰੀ ਮੋਦੀ ਦਾ ਧੰਨਵਾਦ ਕੀਤਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀਏਨਟਿਏਨ ਵਿੱਚ ਲਾਓ ਪੀਡੀਆਰ ਦੇ ਪ੍ਰਧਾਨ ਮੰਤਰੀ ਸੋਨੇਕਸੇ ਸਿਫਾਂਡੋਨ ਨਾਲ ਵੀ ਦੁਵੱਲੀ ਗੱਲਬਾਤ ਕੀਤੀ। ਦੋਵਾਂ ਨੇਤਾਵਾਂ ਨੇ ਦੁਵੱਲੇ ਸਹਿਯੋਗ ਦੇ ਵੱਖ-ਵੱਖ ਖੇਤਰਾਂ ਜਿਵੇਂ ਕਿ ਵਿਕਾਸ ਭਾਈਵਾਲੀ, ਸਮਰੱਥਾ ਨਿਰਮਾਣ, ਆਫ਼ਤ ਸਮੇਂ ਪ੍ਰਬੰਧ, ਨਵਿਆਉਣਯੋਗ ਊਰਜਾ, ਵਿਰਾਸਤੀ ਬਹਾਲੀ, ਆਰਥਿਕ ਸਬੰਧ, ਰੱਖਿਆ ਸਹਿਯੋਗ ਅਤੇ ਲੋਕਾਂ-ਤੋਂ -ਲੋਕ ਦਰਮਿਆਨ ਸਬੰਧਾਂ 'ਤੇ ਚਰਚਾ ਕੀਤੀ। ਲਾਓ ਪੀਡੀਆਰ ਦੇ ਪ੍ਰਧਾਨ ਮੰਤਰੀ ਸਿਫਾਂਡੋਨ ਨੇ ਤੂਫਾਨ ਯਾਗੀ ਦੇ ਬਾਅਦ ਲਾਓ ਪੀਡੀਆਰ ਨੂੰ ਪ੍ਰਦਾਨ ਕੀਤੀ ਗਈ ਹੜ੍ਹ ਰਾਹਤ ਸਹਾਇਤਾ ਲਈ ਸ੍ਰੀ ਮੋਦੀ ਦਾ ਧੰਨਵਾਦ ਕੀਤਾ। ਮੀਟਿੰਗਾਂ ਤੋਂ ਬਾਅਦ ਪ੍ਰਧਾਨ ਮੰਤਰੀ ਭਾਰਤ ਲਈ ਰਵਾਨਾ ਹੋ ਗਏ ਨੇ ।

ਇਸ ਤੋਂ ਪਹਿਲਾਂ, ਵਿਏਨਟਿਏਨ, ਲਾਓ ਪੀਡੀਆਰ ਵਿੱਚ 19ਵੇਂ ਪੂਰਬੀ ਏਸ਼ੀਆ ਸਿਖਰ ਸੰਮੇਲਨ ਵਿੱਚ ਬੋਲਦਿਆਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਇੱਕ ਆਜ਼ਾਦ, ਖੁੱਲ੍ਹਾ, ਸੰਮਲਿਤ, ਖੁਸ਼ਹਾਲ ਅਤੇ ਨੇਮ ਅਧਾਰਤ ਭਾਰਤ – ਪ੍ਰਸ਼ਾਂਤ ਪੂਰੇ ਖੇਤਰ ਦੀ ਸ਼ਾਂਤੀ ਅਤੇ ਤਰੱਕੀ ਲਈ ਬਹੁਤ ਜ਼ਰੂਰੀ ਏ। ਉਨ੍ਹਾਂ ਕਿਹਾ ਕਿ, ਦੱਖਣੀ ਚੀਨ ਸਾਗਰ ਦੀ ਸ਼ਾਂਤੀ, ਸੁਰੱਖਿਆ ਅਤੇ ਸਥਿਰਤਾ ਪੂਰੇ ਭਾਰਤ-ਪ੍ਰਸ਼ਾਂਤ ਖੇਤਰ ਦੇ ਹਿੱਤ ਵਿੱਚ ਏ।

---

ਪੰਜਾਬ 'ਚ ਪੰਚਾਇਤੀ ਚੋਣਾਂ ਸਬੰਧੀ 300 ਦੇ ਕਰੀਬ ਨਵੀਆਂ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਨੇ । ਜਿਸ ਦੀ ਸੁਣਵਾਈ ਅਦਾਲਤ ਨੇ 14 ਅਕਤੂਬਰ ਤੇ ਪਾ ਦਿੱਤੀ ਏ । ਇਸ ਤੋਂ ਪਹਿਲਾਂ ਕਰੀਬ 250 ਪੰਚਾਇਤਾਂ ਅਜਿਹੀਆਂ ਸਨ, ਜਿਨ੍ਹਾਂ ਦੀ ਚੋਣ ਪ੍ਰਕਿਰਿਆ 'ਤੇ ਹਾਈ ਕੋਰਟ ਨੇ ਰੋਕ ਲਗਾ ਦਿੱਤੀ ਸੀ। ਇਸ ਸਬੰਧੀ ਅਦਾਲਤ ਦਾ ਵਿਸਥਾਰਤ ਹੁਕਮ ਆ ਗਿਆ ਏ। ਅਦਾਲਤ ਨੇ ਉਕਤ ਪੰਚਾਇਤਾਂ ਦੀ ਚੋਣ ਪ੍ਰਕਿਰਿਆ 'ਤੇ 16 ਅਕਤੂਬਰ ਤੱਕ ਰੋਕ ਲਗਾ ਦਿੱਤੀ ਏ। ਹਾਈ ਕੋਰਟ ਨੇ ਨਾਮਜ਼ਦਗੀ ਰੱਦ ਕਰਨ

'ਤੇ ਸਖ਼ਤ ਟਿੱਪਣੀ ਕੀਤੀ ਏ । ਅਦਾਲਤ ਦਾ ਕਹਿਣਾ ਹੈ ਕਿ ਚੋਣ ਪ੍ਰਕਿਰਿਆ ਪਾਰਦਰਸ਼ੀ ਹੋਣੀ ਚਾਹੀਦੀ ਏ। ਵੋਟ ਪਾਉਣਾ ਸਿਰਫ਼ ਸੰਵਿਧਾਨਕ ਹੀ ਨਹੀਂ ਸਗੋਂ ਕਾਨੂੰਨੀ ਹੱਕ ਵੀ ਏ। ਕੁਝ ਉਮੀਦਵਾਰਾਂ ਦੀਆਂ ਨਾਮਜ਼ਦਗੀਆਂ ਮਾਮੂਲੀ ਕਾਰਨਾਂ ਕਰਕੇ ਰੱਦ ਕਰ ਦਿੱਤੀਆਂ ਗਈਆਂ, ਜੋ ਕਿ ਸਰਾਸਰ ਗਲਤ ਏ ।

-----------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਸਵੇਰੇ 'ਹਰ ਸ਼ੁਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਨਾਲ ਵਿੱਦਿਅਕ ਅਦਾਰਿਆਂ 'ਚ ਡੇਂਗੂ ਦਾ ਲਾਰਵਾ ਲੱਭਣ ਲਈ ਚਲਾਈ ਰਾਜ ਪੱਧਰੀ ਮੁਹਿੰਮ ਦੀ ਅਗਵਾਈ ਕੀਤੀ। ਇਸ ਮੌਕੇ ਸਿਹਤ ਮੰਤਰੀ ਨਾਲ ਵੱਖ ਵੱਖ ਟੀਮਾਂ ਨੇ ਸਰਕਾਰੀ ਫਿਜ਼ੀਕਲ ਕਾਲਜ, ਸਰਕਾਰੀ ਸਕੂਲ ਸਿਵਲ ਲਾਈਨਜ ਤੇ ਸਰਕਾਰੀ ਮਲਟੀਪਰਪਜ਼ ਸਕੂਲ ਸਮੇਤ ਪੰਜਾਬੀ ਬਾਗ਼ ਵਿਖੇ ਘਰ-ਘਰ ਜਾ ਕੇ ਚੈਕਿੰਗ ਕੀਤੀ ਗਈ ਅਤੇ ਲੋਕਾਂ ਨੂੰ ਡੇਂਗੂ ਦਾ ਫੈਲਾਅ ਰੋਕਣ ਲਈ ਜਾਗਰੂਕ ਵੀ ਕੀਤਾ। ਇਸ ਮੌਕੇ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਵੈਕਟਰ-ਬੋਰਨ ਬਿਮਾਰੀਆਂ ਤੋਂ ਬਚਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ 'ਹਰ ਸ਼ੁਕਰਵਾਰ, ਡੇਂਗੂ 'ਤੇ ਵਾਰ' ਤਹਿਤ ਇਸ ਵਾਰ ਸੂਬੇ ਦੇ ਵਿੱਦਿਅਕ ਅਦਾਰਿਆਂ ਰਾਹੀਂ ਕਰੀਬ 2 ਲੱਖ ਵਿਦਿਆਰਥੀਆਂ ਨੂੰ ਡੇਂਗੂ ਤੋਂ ਬਚਾਅ ਲਈ ਜਾਗਰੂਕ ਕਰਨ ਦੀ ਮੁਹਿੰਮ ਵਿੱਢੀ ਗਈ ਏ। ਉਨ੍ਹਾਂ ਕਿਹਾ ਕਿ ਇਹ ਵਿਦਿਆਰਥੀ ਅੱਗੇ ਆਪਣੇ ਘਰਾਂ ਅਤੇ ਆਲੇ ਦੁਆਲੇ ਡੇਂਗੂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਕੇ ਇਸ ਦੇ ਖ਼ਾਤਮੇ ਲਈ ਯੋਗਦਾਨ ਪਾਉਣਗੇ। ਡਾ. ਬਲਬੀਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਓਹ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਡੇਂਗੂ ਵਿਰੁੱਧ ਚਲਾਈ ਜਾ ਰਹੀ ਇਸ ਮੁਹਿੰਮ ਦੇ ਬ੍ਰੈਂਡ ਅੰਬੈਸਡਰ ਨੇ. ਉਨ੍ਹਾਂ ਕਿਹਾ ਕਿ ਸੂਬੇ ਭਰ 'ਚ ਅੱਜ ਦੋ ਲੱਖ ਵਿਦਿਆਰਥੀ ਇਸ ਮੁਹਿੰਮ ਨਾਲ ਜੁੜੇ ਨੇ ਜੋ ਪੰਜਾਬ ਦੇ 60 ਲੱਖ ਘਰਾਂ ਤੱਕ ਡੇਂਗੂ ਦੇ ਖ਼ਾਤਮੇ ਦਾ ਸੁਨੇਹਾ ਪਹੁੰਚਾਉਣਗੇ। ਮੰਤਰੀ ਨੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਡੇਂਗੂ ਦੇ ਲਾਰਵੇ, ਜਿਸ ਨੂੰ ਮੱਛਰ ਬਣਨ ਲਈ ਇੱਕ ਹਫ਼ਤਾ ਲੱਗ ਜਾਂਦਾ ਏ, ਦੇ ਪ੍ਰਜਨਣ ਨੂੰ ਰੋਕਣ ਲਈ ਹਰੇਕ ਸ਼ੁੱਕਰਵਾਰ ਨੂੰ ਆਪਣੇ ਆਲੇ-ਦੁਆਲੇ ਖੜ੍ਹੇ ਹੋਏ ਪਾਣੀ ਦਾ

-----------------------------------------------------

ਸਵੱਛ ਭਾਰਤ ਮਿਸ਼ਨ ਨੇ ਇਸ ਮਹੀਨੇ ਦੀ 2 ਤਰੀਕ ਨੂੰ ਆਪਣੇ 10 ਸਾਲ ਪੂਰੇ ਲਏ ਨੇ। ਇਸ ਮੌਕੇ ਦੇਸ਼ ਭਰ ਵਿਚ ਸਵੱਛਤਾ ਹੀ ਸੇਵਾ ਮੁਹਿੰਮ ਦੇ ਚੌਥੇ ਪੜਾਅ ਦੀ ਸ਼ੁਰੂਆਤ ਕੀਤੀ ਗਈ ਏ ਅਤੇ ਇਹ ਮੁਹਿੰਮ ਇਸ ਮਹੀਨੇ ਦੀ 31 ਤਰੀਕ ਤੱਕ ਜਾਰੀ ਰਹੇਗੀ।
ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ 'ਚ ਇਸ ਮੁਹਿੰਮ ਤਹਿਤ ਚਲ ਰਹੀਆਂ ਗਤੀਵਿਧੀਆਂ ਬਾਰੇ ਲੋਕਾਂ ਨੇ ਜਾਣਕਾਰੀ ਦਿੱਤੀ- ***BYTES***

---------------------------------------------------------

ਫਰੀਦਕੋਟ ਦੇ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਦੀ ਅਗਵਾਈ ਹੇਠ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਫ਼ਸਲਾਂ ਦੀ ਰਹਿੰਦ ਖੂੰਹਦ ਦੇ ਨਿਪਟਾਰੇ ( ਆਈ ਈ ਸੀ) ਕੰਪੋਨੈਂਟ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਗੋਲੇਵਾਲਾ ਦੇ ਬੱਚਿਆਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਾ ਕੇ ਸਾੜਣ ਨਾਲ ਹੋਣ ਵਾਲੇ ਬੁਰੇ ਪ੍ਰਭਾਵਾਂ ਬਾਰੇ ਜਾਗਰੁਕ ਕੀਤਾ ਗਿਆ ਤਾਂ ਜੋ ਬੱਚੇ ਆਪਣੇ ਮਾਪਿਆਂ ਨੂੰ ਝੋਨੇ ਦੀ ਪਰਾਲੀ ਨੂੰ ਸਾੜਣ ਤੋਂ ਰੋਕਣ ਲਈ ਪ੍ਰੇਰਿਤ ਕਰ ਸਕਣ । ਝੋਨੇ ਦੀ ਪਰਾਲੀ ਸਾੜਣ ਨਾਲ ਹੋਣ ਵਾਲੇ ਨੁਕਸਾਨ ਅਤੇ ਸਾਂਭ ਸੰਭਾਲ ਬਾਰੇ ਬੱਚਿਆਂ ਨੂੰ ਜਾਗਰੂਕ ਕਰਦਿਆਂ ਡਾ.ਅਮਰੀਕ ਸਿੰਘ ਨੇ ਕਿਹਾ ਕਿ ਪਰਾਲੀ ਨੂੰ ਅੱਗ ਲੱਗਣ ਨਾਲ ਪੈਦਾ ਹੋਈਆ ਜ਼ਹਿਰੀਲੀਆ ਗੈਸਾਂ ਨਾਲ ਬੱਚਿਆਂ ,ਬਜੁਰਗਾਂ ਅਤੇ ਗਰਭਵਤੀ ਔਰਤਾਂ ਦੀ ਸਿਹਤ ਤੇ ਸਭ ਤੋਂ ਮਾੜਾ ਪ੍ਰਭਾਵ ਪੈਂਦਾ ਏ। ਉਨ੍ਹਾਂ ਕਿਹਾ ਕਿ ਨਵੰਬਰ ਮਹੀਨੇ ਵਿੱਚ ਤਾਪਮਾਨ ਵਿੱਚ ਕਮੀ ਹੋਣ ਕਾਰਨ ਪ੍ਰਦੂਸ਼ਣ ਦੀ ਸਮੱਸਿਆ ਹੋਰ ਵਧ ਜਾਂਦੀ ਏ ਜੋ 6 ਸਾਲ ਤੱਕ ਦੇ ਬੱਚਿਆਂ,ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਦੀ ਸਿਹਤ ਲਈ ਬਹੁਤ ਖਤਰਨਾਕ ਹੁੰਦਾ ਏ । ਉਨ੍ਹਾਂ ਕਿਹਾ ਕਿ ਇੱਕ ਅਨੁਮਾਨ ਅਨੁਸਾਰ ਪੰਜਾਬ ਵਿੱਚ ਫਸਲੀ ਰਹਿੰਦ ਖੂੰਹਦ ਨੂੰ ਅੱਗ ਲਾ ਕੇ ਸਾੜਣ ਨਾਲ ਤਕਰੀਬਨ 200 ਕਰੋੜ ਦੇ ਡੇਢ ਲੱਖ ਟਨ ਨਾਈਟਰੋਜਨ,ਫਾਸਫੋਰਸ,ਪੋਟਾਸ਼ ਅਤੇ ਸਲਫਰ ਆਦਿ ਖੁਰਾਕੀ ਤੱਤਾਂ ਦਾ ਨੁਕਸਾਨ ਹੁੰਦਾ ਏ । ਉਨ੍ਹਾਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਨਾਲ ਮਨੁੱਖੀ,ਪਸ਼ੂਆਂ ਦੀ ਸਿਹਤ ਅਤੇ ਚੌਗਿਰਦੇ ਤੇ ਬਹੁਤ ਬੁਰਾ ਪ੍ਰਭਾਵ ਪੈਂਦਾ ਏ ।

---------------------------------------------------------

ਸ੍ਰੀ ਮੁਕਤਸਰ ਸਾਹਿਬ ‘ਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਨੂੰ ਅੱਗ ਤੋਂ ਬਚਾਉਣ ਲਈ ਜੰਗੀ ਪੱਧਰ ਤੇ ਜਾਗਰੂਕਤਾ ਗਤੀਵਿਧਿਆਂ ਕਰਵਾਈਆਂ ਜਾ ਰਹੀਆਂ ਨੇ ਤਾਂ ਜੋ ਚੁਗਿਰਦੇ ਨੂੰ ਗੰਧਲਾ ਹੋਣ ਤੋਂ ਬਚਾਇਆ ਜਾ ਸਕੇ।

ਇਸੇ ਤਹਿਤ ਜ਼ਿਲ੍ਹਾ ਸਿੱਖਿਆ ਵਿਭਾਗ ਸ੍ਰੀ ਮੁਕਤਸਰ ਸਾਹਿਬ ਵੱਲੋਂ ਵਿਦਿਆਰਥੀਆਂ ਨੂੰ ਇਸ ਪ੍ਰਤੀ ਜਾਗਰੂਕ ਕਰਨ ਲਈ ਜ਼ਿਲ੍ਹੇ ਦੇ ਸਕੂਲਾਂ ਵਿੱਚ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਤ੍ਰਿਪਾਠੀ ਦੀਆਂ ਹਦਾਇਤਾਂ ਤੇ ਜ਼ਿਲ੍ਹਾ ਸਿੱਖਿਆ ਅਫਸਰਾਂ ਦੀ ਯੋਗ ਰਹਿਨੁਮਾਈ ਤਹਿਤ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਨੇ ।

ਇਸ ਸੰਬੰਧੀ ਜ਼ਿਲ੍ਹਾ ਨੋਡਲ ਇੰਚਾਰਜ ਜਸਵਿੰਦਰ ਪਾਲ ਸ਼ਰਮਾ ਨੇ ਦੱਸਿਆ ਕਿ ਗੁਲਾਬੇਵਾਲਾ, ਅਬੁਲ ਖੁਰਾਣਾ,ਮੰਡੀ ਕਿਲਿਆਂ-ਵਾਲੀ ਆਦਿ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਪਰਾਲੀ ਨਾ ਸਾੜਨ ਬਾਰੇ ਸੌਂਹ ਚੁਕਾਈ ਗਈ ਅਤੇ ਪੇਂਟਿੰਗ ਮੁਕਾਬਲੇ ਕਰਾਏ ਗਏ .

---------------------------------------------------------

ਪੀ.ਏ.ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵੱਲੋਂ ਫਾਰਮ ਸਲਾਹਕਾਰ ਸੇਵਾ ਕੇਂਦਰ, ਗੰਗੀਆਂ, ਹੁਸ਼ਿਆਰਪੁਰ ਦੇ ਸਹਿਯੋਗ ਨਾਲ ਸਕੂਲ ਆਫ ਐਮੀਨੈਂਸ, ਦਸੂਹਾ ਵਿਖੇ ਝੋਨੇ ਦੀ ਪਰਾਲੀ ਸੰਭਾਲਣ ਸਬੰਧੀ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਸੰਬੋਧਨ ਕਰਦਿਆਂ ਡਾ. ਮਨਿੰਦਰ ਸਿੰਘ ਬੌਂਸ ਨੇ ਝੋਨੇ ਦੀ ਪਰਾਲੀ ਨੂੰ ਸੰਭਾਲਣ ਬਾਬਤ ਵੱਖ-ਵੱਖ ਤਕਨੀਕਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਨੇ ਪਰਾਲੀ ਨੂੰ ਅੱਗ ਲਾਉਣ ਨਾਲ ਹੋਣ ਵਾਲੇ ਨੁਕਸਾਨ ਸਬੰਧੀ ਅਤੇ ਪਰਾਲੀ ਵਿੱਚ ਮੌਜੂਦ ਵੱਖ-ਵੱਖ ਤੱਤਾਂ ਦੀ ਮਹਤੱਤਾ ਬਾਰੇ ਵੀ ਵਿਸਥਾਰ ਪੂਰਵਕ ਦੱਸਿਆ। ਉਨ੍ਹਾਂ ਝੋਨੇ ਦੀ ਪਰਾਲੀ ਦੀ ਪਸ਼ੂ ਖੁਰਾਕ, ਊਰਜਾ, ਮਲਚ, ਖਾਦ ਵਜੋਂ ਤੇ ਖੁੰਬ ਉਤਪਾਦਨ ਅਤੇ ਗੋਬਰ ਗੈਸ ਪਲਾਂਟ ਵਿੱਚ ਵਰਤੋਂ ਬਾਰੇ ਵੀ ਦੱਸਿਆ ।ਉਨ੍ਹਾਂ ਸਕੂਲ ਵਿਦਿਆਰਥੀਆਂ ਨੂੰ ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਵੀ ਪ੍ਰੇਰਿਤ ਕੀਤਾ।ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਣ, ਜ਼ਮੀਨ ਦੀ ਸਿਹਤ ਅਤੇ ਮਨੁੱਖਤਾ 'ਤੇ ਬੁਰੇ ਪ੍ਰਭਾਵ ਸਬੰਧੀ ਜਾਗਰੂਕਤਾ ਰੈਲੀ ਵੀ ਕੱਢੀ ਗਈ।ਵੱਖ-ਵੱਖ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ।

---------------------------------------------------------

ਪੰਜਾਬ ਸਰਕਾਰ ਨੇ ਦੁਸਹਿਰੇ ਮੌਕੇ ਭਲਕੇ 12 ਅਕਤੂਬਰ, ਨੂੰ ਸੂਬੇ ਭਰ ਦੇ ਸਾਰੇ ਸੇਵਾ ਕੇਂਦਰਾਂ ਵਿੱਚ ਛੁੱਟੀ ਦਾ ਐਲਾਨ ਕੀਤਾ ਏ । ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਪ੍ਰਸ਼ਾਸਨਿਕ ਸੁਧਾਰ ਅਤੇ

ਜਨਤਕ ਸ਼ਿਕਾਇਤਾਂ ਬਾਰੇ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਸੂਬੇ ਭਰ ਦੇ ਸਾਰੇ ਸੇਵਾ ਕੇਂਦਰ, 12 ਅਕਤੂਬਰ ਨੂੰ ਬੰਦ ਰਹਿਣਗੇ। ਨਾਲ ਹੀ ਉਨ੍ਹਾਂ ਦੱਸਿਆ ਕਿ ਸੂਬੇ ਦੇ ਨਾਗਰਿਕ ਦੁਸਹਿਰੇ ਮੌਕੇ ਆਪਣੇ ਘਰਾਂ ਤੋਂ ਹੈਲਪਲਾਈਨ ਨੰਬਰ 1076 ਉਤੇ ਕਾਲ ਕਰਕੇ 'ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ' ਸਕੀਮ ਤਹਿਤ 43 ਸੇਵਾਵਾਂ ਦਾ ਲਾਭ ਉਠਾ ਸਕਦੇ ਨੇ

---------------------------------------------------------

ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ-ਤੇ-ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਇਸ਼ਾ ਸਿੰਗਲ ਨੇ ਸਨਅਤ ਅਤੇ ਵਣਜ ਵਿਭਾਗ ਪੰਜਾਬ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਪਟਾਕਿਆਂ ਦੀ ਵਿਕਰੀ ਲਈ ਜ਼ਿਲ੍ਹੇ ਅੰਦਰ ਜਾਰੀ ਕੀਤੇ ਜਾਣ ਵਾਲੇ ਆਰਜ਼ੀ ਲਾਇਸੰਸ ਅਤੇ ਇਸ ਤੋਂ ਬਿਨ੍ਹਾਂ ਮਾਣਯੋਗ ਹਾਈ ਕੋਰਟ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਅੰਦਰ ਦਸਹਿਰਾ, ਦੀਵਾਲੀ, ਗੁਰਪੁਰਬ, ਕ੍ਰਿਸਮਿਸ ਤੇ ਨਵੇਂ ਸਾਲ ਵਾਲੇ ਦਿਨ ਪਟਾਕੇ ਚਲਾਉਣ ਲਈ ਸਮਾਂ ਵੀ ਨਿਰਧਾਰਤ ਕੀਤਾ ਗਿਆ ਏ । ਉਨ੍ਹਾਂ ਕਿਹਾ  ਕਿ ਦਸਹਿਰੇ ਮੌਕੇ ਦੁਸਿਹਰਾ ਕਮੇਟੀਆਂ ਤਿਉਹਾਰ ਮਨਾਉਣ ਲਈ ਜ਼ਿਲ੍ਹਾ ਮੈਜਿਸਟਰੇਟ ਤੋਂ ਪਹਿਲਾਂ ਪ੍ਰਵਾਨਗੀ ਲੈਣਗੀਆਂ ਤੇ ਸ਼ਾਮ 6 ਤੋਂ 7 ਵਜੇ ਤੱਕ ਪਟਾਕੇ ਚਲਾਏ ਜਾ ਸਕਣਗੇ। ਇਸ ਤੋਂ ਇਲਾਵਾ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਦੁਸਿਹਰਾ ਗਰਾਊਂਡ ਵਿੱਚ ਪਟਾਕੇ ਚਲਾਉਣ ਸਮੇਂ ਲੋਕਾਂ ਦੀ ਦੂਰੀ ਘੱਟੋਂ ਘੱਟ 30 ਮੀਟਰ ਹੋਵੇ। ਓਹਨਾ ਨੇ ਨਗਰ ਨਿਗਮ ਕਮਿਸ਼ਨਰ, ਐਸ.ਐਸ.ਪੀ., ਸਾਰੇ ਐਸ.ਡੀ.ਐਮਜ, ਕਾਰਜਕਾਰੀ ਇੰਜਨੀਅਰ ਪੰਜਾਬ ਪ੍ਰਦੂਸ਼ਨ ਰੋਕਥਾਮ ਬੋਰਡ ਨੂੰ ਹਦਾਇਤਾਂ ਜਾਰੀ ਕਰਦਿਆਂ ਲੋੜੀਂਦੀ ਕਾਰਵਾਈ ਕਰਨ ਦੇ ਆਦੇਸ਼ ਜਾਰੀ ਕੀਤੇ ਗਏ ਨੇ । ਉਨ੍ਹਾਂ ਕਿਹਾ ਕਿ ਨੇਮਾਂ ਦੀ ਉਲੰਘਣਾ ਕਰਨ ਵਾਲੇ ਇਲਾਕੇ , ਦੇ ਥਾਣਾ ਮੁਖੀ ਦੀ ਜਿੰਮੇਵਾਰੀ ਹੋਵੇਗੀ ਕਿ ਉਹ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਕਰਨ । ਉਨ੍ਹਾਂ ਕਿਹਾ ਕਿ ਪਟਾਕਿਆਂ ਦੇ ਜਿੱਥੇ ਚੋਗਿਰਦੇ  'ਤੇ ਮਾੜੇ ਪ੍ਰਭਾਵ ਪੈਂਦੇ ਹਨ, ਉਥੇ ਹੀ ਇਨ੍ਹਾਂ ਦੀ ਆਵਾਜ ਤੇ ਪ੍ਰਦੂਸਨ ਦਾ ਮਨੁੱਖਾਂ ਦੇ ਨਾਲ-ਨਾਲ ਪਸ਼ੂ-ਪੰਛੀਆਂ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਏ , ਜਿਸ ਲਈ ਜਿੰਨ੍ਹਾ ਸੰਭਵ ਹੋ ਸਕੇ ਆਮ ਲੋਕ ਪਟਾਕੇ ਚਲਾਉਣ ਤੋਂ ਗੁਰੇਜ਼ ਕਰਨ।

---------------------------------------------------------

**ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

- ਭਾਰਤ ਅਤੇ ਲਾਓ ਪੀਡੀਆਰ ਨੇ ਅੱਜ ਰੱਖਿਆ ਸਹਿਯੋਗ, ਕਸਟਮ, ਆਡੀਓ-ਵਿਜ਼ੂਅਲ ਅਤੇ ਵਿਰਸੇ ਦੀ ਸੰਭਾਲ ਸਮੇਤ ਵਖ – ਵਖ ਖੇਤਰਾਂ ਵਿੱਚ ਛੇ ਸਮਝੌਤਿਆਂ ਅਤੇ ਸਹਿਮਤੀ ਪੱਤਰਾਂ 'ਤੇ ਦਸਤਖਤ ਕੀਤੇ ਨੇ ।
- ਪੰਜਾਬ ’ਚ ਪੰਚਾਇਤੀ ਚੋਣਾਂ ਸਬੰਧੀ 300 ਦੇ ਕਰੀਬ ਨਵੀਆਂ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਨੇ ।
- ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ 'ਹਰ ਸ਼ੁਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਨਾਲ ਵਿੱਦਿਅਕ ਅਦਾਰਿਆਂ 'ਚ ਡੇਂਗੂ ਖਿਲਾਫ਼ ਰਾਜ ਪੱਧਰੀ ਮੁਹਿੰਮ ਦੀ ਅਗਵਾਈ ਕੀਤੀ ।
- ਪੰਜਾਬ ਵਿਚ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ ਤੋਂ ਰੋਕਣ ਅਤੇ ਇਸਦੇ ਸੁਚੱਜੇ ਨਿਪਟਾਰੇ ਲਈ ਜਾਗਰੂਕ ਕਰਣ ਵਾਸਤੇ ਸਕੂਲੀ ਬਚਿਆਂ ਨੂੰ ਮੁਹਿੰਮ ‘ਚ ਸ਼ਾਮਿਲ ਕੀਤਾ ਜਾ ਰਿਹਾ ਏ ।